# ਪ੍ਰਧਾਨ ਮੰਤਰੀ ਦੀ ਜਾਪਾਨ ਦੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ

ਸਤੰਬਰ 09, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ 9 ਸਤੰਬਰ 2023 ਨੂੰ ਨਵੀਂ ਦਿੱਲੀ ਵਿੱਚ ਜੀ-20 ਸਿਖਰ ਸੰਮੇਲਨ ਦੇ ਮੌਕੇ ਉੱਤੇ ਜਾਪਾਨ ਦੇ ਪ੍ਰਧਾਨ ਮੰਤਰੀ ਸ਼੍ਰੀ ਫੂਮਿਓ ਕਿਸ਼ਿਦਾ ਨਾਲ ਦੁਵੱਲੀ ਮੀਟਿੰਗ ਕੀਤੀ।

2. ਮੀਟਿੰਗ ਦੇ ਦੌਰਾਨ, ਨੇਤਾਵਾਂ ਨੇ ਆਪਣੇ-ਆਪਣੇ ਜੀ-20 ਅਤੇ ਜੀ-7 ਪ੍ਰੈਜ਼ੀਡੈਂਸੀ ਲਈ, ਖਾਸ ਤੌਰ 'ਤੇ ਗਲੋਬਲ ਸਾਊਥ ਦੀਆਂ ਚਿੰਤਾਵਾਂ ਅਤੇ ਇੱਛਾਵਾਂ ਨੂੰ ਸਾਹਮਣੇ ਲਿਆਉਣ ਲਈ ਉਨ੍ਹਾਂ ਦੀਆਂ ਤਰਜੀਹਾਂ 'ਤੇ ਸਾਲ ਭਰ ਦੌਰਾਨ ਦੋਵਾਂ ਦੇਸ਼ਾਂ ਦੀ ਉਸਾਰੂ ਗੱਲਬਾਤ ਨੂੰ ਸਵੀਕਾਰ ਕੀਤਾ।

3. ਨੇਤਾਵਾਂ ਨੇ ਭਾਰਤ-ਜਾਪਾਨ ਦੁਵੱਲੀ ਭਾਈਵਾਲੀ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ, ਜਿਸ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ, ਤਕਨੀਕੀ ਸਹਿਯੋਗ, ਨਿਵੇਸ਼ ਅਤੇ ਊਰਜਾ ਸ਼ਾਮਲ ਹਨ।

4. ਦੋਵਾਂ ਨੇਤਾਵਾਂ ਨੇ ਭਾਰਤ-ਜਾਪਾਨ ਵਿਸ਼ੇਸ਼ ਰਣਨੀਤਕ ਅਤੇ ਗਲੋਬਲ ਭਾਈਵਾਲੀ ਨੂੰ ਹੋਰ ਡੂੰਘਾ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

**ਨਵੀਂ ਦਿੱਲੀ**

**ਸਤੰਬਰ 09, 2023**